# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 10-10-2025**

ਅੱਜ ਦੁਨੀਆ ਭਰ ਵਿੱਚ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਜਾ ਰਿਹਾ ਹੈ। ਇਸਦਾ ਉਦੇਸ਼ ਮਾਨਸਿਕ ਸਿਹਤ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਮਾਨਸਿਕ ਸਿਹਤ ਸੇਵਾਵਾਂ ਤੱਕ ਪਹੁੰਚ ਨੂੰ ਤੇਜ਼ ਕਰਨਾ ਹੈ। ਸਿਹਤ ਮੰਤਰੀ ਜੇਪੀ ਨੱਡਾ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਦਿਨ ਲੋਕਾਂ ਨੂੰ ਆਪਣੀ ਭਾਵਨਾਤਮਕ ਅਤੇ ਮਾਨਸਿਕ ਸਿਹਤ ਨੂੰ ਤਰਜੀਹ ਦੇਣ ਦੀ ਯਾਦ ਦਿਵਾਉਂਦਾ ਹੈ। ਸ਼੍ਰੀ ਨੱਡਾ

ਨੇ ਸਾਰਿਆਂ ਨੂੰ ਇੱਕ ਅਜਿਹਾ ਸਮਾਜ ਬਣਾਉਣ ਲਈ ਰੱਲ ਕੇ  ਕੰਮ ਕਰਨ ਦਾ ਸੱਦਾ ਦਿੱਤਾ ਜੋ ਸਾਰਿਆਂ ਲਈ ਮਾਨਸਿਕ ਸਿਹਤ ਸੇਵਾਵਾਂ ਤੱਕ ਸਮਝ ਤੇ  ਸਮੇਂ ਸਿਰ ਪਹੁੰਚ ਨੂੰ ਉਤਸ਼ਾਹਿਤ ਕਰਦਾ ਹੈ।

---

ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਵੀ ਵਿਸ਼ਵ ਮਾਨਸਿਕ ਸਿਹਤ ਦਿਵਸ ਮੌਕੇ ਮਾਨਸਿਕ ਸਿਹਤ ਦੇ ਵਿਸ਼ੇ ਨੂੰ ਮੁਢਲੀ ਸਿਹਤ ਜਾਂਚ ਨਾਲ ਜੋੜਿਆ ਜਾਣਾ ਚਾਹੀਦਾ ਹੈ ਤਾਕਿ ਇਸ ਨਾਲ ਸੰਬੰਧਿਤ ਧੱਬਾ ਖਤਮ ਹੋ ਸਕੇ | ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਹੈ ਕਿ ਇਸ ਨਾਲ ਨਿਪਟਣ ਲਈ ਸਿਹਤ ਵਿਭਾਗ ਨੂੰ ਵੀ ਜਾਗਰੂਕ ਹੋਣ ਦੀ ਲੋੜ ਹ ਤਾਂ ਕਿ ਉਹ ਮਾਨਸਿਕ ਵਿਕਾਰਾਂ ਨਾਲ ਜੂਝ

ਰਹੇ ਲੋਕਾਂ ਦੀ ਮਦਦ ਕਰ ਸਕੇ

---

ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਮੂਹ ਸਰਪੰਚਾਂ ਨਾਲ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਸਬੰਧੀ ਮੁਕਤਸਰ ਸਾਹਿਬ ‘ਚ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨੂੰ ਮਿੱਥੇ ਸਮੇਂ ਵਿੱਚ ਮੁਕੰਮਲ ਕੀਤਾ ਜਾਵੇ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਦੇ ਵਿਕਾਸ ਲਈ ਵੀ ਵਚਨਬੱਧ ਹੈ ਅਤੇ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ

ਕਰਵਾਈਆਂ ਜਾ ਰਹੀਆਂ ਨੇ । ਇਸ ਮੌਕੇ ਉਨ੍ਹਾਂ ਸਮੂਹ ਅਧਿਕਾਰੀਆਂ ਅਤੇ ਸਰਪੰਚਾਂ ਨੂੰ ਕਿਹਾ ਕਿ ਬਕਾਇਆ ਪਏ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਉਣ ਦੇ ਨਾਲ ਉਨ੍ਹਾਂ ਨੂੰ ਤੁਰੰਤ ਪ੍ਰਭਾਵ ਨਾਲ ਪੂਰਾ ਕੀਤਾ ਜਾਵੇ

---

ਤਿਉਹਾਰਾਂ ਦੇ ਚੱਲ ਰਹੇ ਸੀਜ਼ਨ ਨੂੰ ਧਿਆਨ ਵਿਚ ਰੱਖਦਿਆਂ ਰੂਪਨਗਰ ਵਿਖੇ ਫੂਡ ਸੇਫਟੀ ਅਫਸਰਾਂ ਨੇ ਆਪਣੇ-ਆਪਣੇ ਇਲਾਕਿਆਂ ਵਿੱਚ ਮਠਿਆਈਆਂ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ। ਇਨ੍ਹਾਂ ਟੀਮਾਂ ਦੀ ਅਗਵਾਈ ਸਹਾਇਕ ਕਮਿਸ਼ਨਰ ਫੂਡ ਸੇਫਟੀ ਰੂਪਨਗਰ ਮਨਜਿੰਦਰ ਸਿੰਘ ਢਿੱਲੋ ਨੇ ਕੀਤੀ । ਚੈਕਿੰਗ ਦੌਰਾਨ 7 ਸੈਂਪਲ ਲੈ ਕੇ ਖਰੜ ਲੈਬ

ਵਿੱਚ ਭੇਜੇ ਗਏ। ਕੁਝ ਦੁਕਾਨਾਂ ਵਿੱਚ ਨਾ ਖਾਣ ਯੋਗ ਮਠਿਆਈਆਂ ਟੀਮ ਵੱਲੋਂ ਮੌਕੇ ਤੇ ਨਸ਼ਟ ਕਰਵਾਈਆਂ ਗਈਆਂ। ਇਸ ਮੌਕੇ ਮਨਜਿੰਦਰ ਸਿੰਘ ਢਿੱਲੋਂ ਵੱਲੋਂ ਜ਼ਿਲ੍ਹੇ ਦੇ ਸਾਰੇ ਦੁਕਾਨਦਾਰਾਂ ਨੂੰ ਸਾਫ ਸਫਾਈ ਰੱਖਣ ਅਤੇ ਮਿਆਰੀ ਸਮਾਨ ਦੀ ਵਰਤਣ ਦੀ ਹਦਾਇਤ ਕੀਤੀ ਗਈ ।

---

ਪੰਜਾਬ ਸਮੇਤ ਦੇਸ਼ ਦੇ ਵੱਖ ਵਖ ਹਿਸਿਆਂ  ਵਿਚ ਅੱਜ ਕਰਵਾ ਚੌਥ ਦਾ ਤਿਓਹਾਰ ਪੂਰੇ ਜੋਸ਼ਓ ਕੋਸ਼ ਨਾਲ ਮਨਾਇਆ ਜਾ ਰਿਹਾ ਏ । ਇਸ ਦਿਨ ਸੁਹਾਗਣਾਂ ਆਪਣੇ ਪਤੀ ਦੀ ਲੰਮੀ ਉਮਰ ਤੇ ਸਿਹਤਯਾਬੀ ਦੀ ਕਾਮਨਾ ਲਈ ਬਿਨਾ ਪਾਣੀ ਪੀਤੇ ਕਰਵਾ ਚੌਥ ਦਾ ਵਰਤ ਰਖਦੀਆਂ ਨੇ । ਤੜਕਸਾਰ ਸਰਗੀ ਕਰਨ ਨਾਲ ਇਸ ਵਰਤ ਦੀ ਸ਼ੁਰੂਆਤ ਹੁੰਦੀ ਹੈ ।

ਦੋਪਹਰ ਬਾਅਦ ਸੁਹਾਗਣਾ ਇਕੱਠੀਆਂ ਹੋ ਕੇ ਕਰਵਾ ਚੌਥ ਮਾਤਾ ਦੀ ਕਹਾਣੀ ਸੁਣਦੀਆਂ ਨੇ। ਰਾਤ ਵੇਲੇ ਲੰਮੀ ਉਡੀਕ ਮਗਰੋਂ ਚੰਦਰਮਾ ਨਿਕਲਣ ਤੇ ਉਸਨੂੰ ਅਰਗ ਦੇਕੇ ਇਹ ਵਰਤ ਖੋਲਿਆ ਜਾਂਦਾ ਏ।

---

ਨੌਜਵਾਨਾਂ ਵਿੱਚ ਤੰਬਾਕੂ ਦੇ ਸੇਵਨ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਇਸ ਦੀ ਉਪਲਬਧਤਾ ਨੂੰ ਕੰਟਰੋਲ ਕਰਨ ਦੇ ਉਦੇਸ਼ ਨਾਲ ਕੱਲ ਚੰਡੀਗੜ੍ਹ ਵਿੱਚ ਤੰਬਾਕੂ-ਮੁਕਤ ਯੁਵਾ ਮੁਹਿੰਮ ਦੀ ਸ਼ੁਰੂਆਤ ਹੋਈ। ਇਸ ਦੀ ਅਗਵਾਈ ਸਿਹਤ ਅਤੇ ਪਰਿਵਾਰ ਭਲਾਈ ਦੇ ਡਾਇਰੈਕਟਰ ਦਰ ਸੁਮਨ ਸਿੰਘ ਅਤੇ ਐੱਮਡੀ-

ਐੱਨਐੱਚਐੱਮ, ਚੰਡੀਗੜ੍ਹ ਨੇ ਕੀਤੀ। ਇਸ ਦੌਰਾਨ ਬਹੁਤ ਸਾਰੇ ਜ਼ਿਲ੍ਹਾ ਪੱਧਰੀ ਸਰਕਾਰੀ ਹਸਪਤਾਲਾਂ ਅਤੇ ਮਨੀਮਾਜਰਾ ਦੇ ਸਬ ਡਿਵੀਜ਼ਨਲ ਹਸਪਤਾਲਾਂ ਸਹਿਤ ਪੂਰੇ ਚੰਡੀਗੜ੍ਹ ਦੇ ਸਾਰੇ 48 ਆਯੁਸ਼ਮਾਨ ਆਰੋਗਯ ਮੰਦਿਰਾਂ ਅਤੇ ਸ਼ਹਿਰੀ ਆਯੁਸ਼ਮਾਨ ਆਰੋਗਯ ਮੰਦਿਰਾਂ ਵਿੱਚ ਤੰਬਾਕੂ ਨੂੰ ਨਾਂਹ ਕਹਣ ਲਈ ਸਮੂਹਕ ਸੰਕਲਪ ਸਮਾਰੋਹ ਕਰਵਾਏ ਗਏ । ਡਾ. ਸੁਮਨ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਤੰਬਾਕੂ ਉਤਪਾਦਾਂ ਅਤੇ ਈ-ਸਿਗਰਟਾਂ ਦੇ ਦੁਸ਼ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਸਥਾਨਾਂ 'ਤੇ ਸਖ਼ਤੀ ਨਾਲ ਨਿਗਰਾਨੀ

ਰੱਖਣਾ ਹੈ ਜਿੱਥੇ ਤੰਬਾਕੂ ਉਤਪਾਦ ਨੌਜਵਾਨਾਂ ਲਈ ਅਸਾਨੀ ਨਾਲ ਉਪਲਬਧ ਨੇ |

---

ਸੜਕ ਸੁਰੱਖਿਆ ਨੂੰ ਹੋਰ ਮਜਬੂਤ ਬਣਾਉਣ ਵੱਲ ਕਦਮ ਚੁੱਕਦਿਆਂ ਜਲੰਧਰ ਪ੍ਰਸ਼ਾਸਨ ਵਲੋਂ ਜ਼ਿਲ੍ਹੇ ਵਿੱਚ ਸੰਭਾਵਤ ਹਾਦਸੇ ਵਾਲੀਆਂ 56 ਥਾਵਾਂ ਦੀ ਪਹਿਚਾਣ ਕੀਤੀ ਗਈ ਹੈ ਅਤੇ ਸੜਕੀ ਹਾਦਸਿਆਂ ਦੀ ਰੋਕਥਾਮ ਲਈ ਇਨ੍ਹਾਂ ਥਾਵਾਂ ਉਤੇ ਤੁਰੰਤ ਲੋੜੀਂਦੇ ਮਾਪਦੰਡਾਂ ਅਨੁਸਾਰ ਸੁਧਾਰ ਸ਼ੁਰੂ ਕੀਤੇ ਗਏ ਹਨ। ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ

ਅਗਰਵਾਲ ਨੇ ਸਬੰਧਿਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਜਦੋਂ ਤੱਕ ਇਨ੍ਹਾਂ ਥਾਵਾਂ ਤੇ ਉਚਿਤ ਉਪਾਅ ਨਹੀਂ ਹੁੰਦੇ | ਉਦੋਂ ਤੱਕ ਰਾਹਗੀਰਾਂ ਨੂੰ ਸੁਚੇਤ ਕਰਨ ਲਈ ਓਥੇ ਸਾਈਨ ਬੋਰਡ ਲਗਵਾਏ ਜਾਣ।

---

ਪੰਜਾਬ ਦੇ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦਾ ਕੱਲ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ ਚ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ ਹੈ। ਉਹ ਆਪਣੇ ਮੋਢੇ ਵਿੱਚ ਹੋਏ ਫਰੈਕਚਰ ਲਈ ਜ਼ਰੇ ਇਲਾਜ ਸਨ ਜਦੋਂ ਉਹਨਾਂ ਨੂੰ ਦਿਲ ਦਾ ਦੌਰਾ ਪਿਆ | ਉਹਨਾਂ 2009 ਵਿੱਚ ਮਿਸਟਰ ਇੰਡੀਆ ਦਾ ਵਕਾਰੀ ਖਿਤਾਬ ਜਿੱਤਿਆ ਸੀ | ਇੱਕ ਸ਼ਾਕਾਹਾਰੀ ਬਾਡੀ ਬਿਲਡਰ ਵਜੋਂ ਜਾਣੇ ਜਾਂਦੇ

ਵਰਿੰਦਰ ਸਿੰਘ ਘੁੰਮਣ ਨੇ ਦੇਹਾਂਤ ਤੇ ਸਿਆਸੀ ਪਾਰਟੀਆਂ ਦੇ ਨੇਤਾਵਾਂ ਉੱਗੀਆਂ ਸ਼ਖਸੀਅਤਾਂ ਤੇ ਆਮ ਲੋਕਾਂ ਨੇ ਦੁੱਖ ਦਾ ਇਜਹਾਰ ਕੀਤਾ ਏ |

---

ਪੰਜਾਬ ਸਰਕਾਰ ਅਤੇ ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਮੀਨਾਕਸ਼ੀ ਸਿੰਗਲਾ ਜਿਲ੍ਹਾ ਟੀਕਾਕਰਣ ਅਫ਼ਸਰ ਦੀ ਦੇਖ-ਰੇਖ ਵਿੱਚ ਜ਼ਿਲ੍ਹੇ ਵਿੱਚ 12 ਤੋਂ 14 ਅਕਤੂਬਰ ਤੱਕ ਸਪੈਸ਼ਲ ਨੈਸ਼ਨਲ ਪਲਸ ਪੋਲੀਓ ਗੇੜ ਚਲਾਇਆ ਜਾ ਰਿਹਾ ਹੈ।